# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 06-12-2024**

ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਬੀ.ਆਰ. ਅੰਬੇਦਕਰ ਦੀ 68ਵੀਂ ਬਰਸੀ ਮੌਕੇ ਅੱਜ ਮਹਾਪਰਿਨਿਰਵਾਨ ਦਿਵਸ ਮਨਾਇਆ ਜਾ ਰਿਹਾ ਏ। ਰਾਸ਼ਟਰ ਨਿਰਮਾਣ ਵਿੱਚ ਡਾ.ਅੰਬੇਦਕਰ ਦੇ ਯੋਗਦਾਨ ਨੂੰ ਉਜਾਗਰ ਕਰਨ ਲਈ ਦੇਸ਼ ਭਰ ਵਿੱਚ ਕਈ ਸਮਾਗਮ ਕਰਵਾਏ ਜਾ ਰਹੇ ਨੇ। ਰਾਸ਼ਟਰਪਤੀ ਦਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਨਵੀਂ ਦਿੱਲੀ ਵਿਚ ਸੰਸਦ ਭਵਨ ਕੰਪਲੈਕਸ ਵਿੱਚ ਪ੍ਰੇਰਨਾ ਸਥਲ ਵਿਚ ਡਾ. ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ, ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਸੰਸਦ ਦੇ ਹੋਰ ਮੈਂਬਰਾਂ ਤੇ ਕਈ ਹੋਰ ਪਤਵੰਤਿਆਂ ਨੇ ਵੀ ਪ੍ਰੇਰਨਾ ਸਥਲ ਵਿਖੇ ਭਾਰਤੀ ਸੰਵਿਧਾਨ ਦੇ ਮੁੱਖ ਨਿਰਮਾਤਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਓਧਰ ਅਕਾਸ਼ਵਣੀ ਜਲੰਧਰ ਦੇ ਸਮੂਹ ਸਟਾਫ਼ ਵੱਲੋਂ ਉਹਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਿਤੇ ਗਏ। ਅਕਾਸ਼ਵਣੀ ਦੇ ਮੁਖੀ ਡਿਪਟੀ

ਡਾਇਰੈਕਟਰ ਜਨਰਲ (ਇੰਜੀਨਿਯਰਿੰਗ) ਸ੍ਰੀ ਰੰਜੀਤ ਮੀਨਾ ਦੀ ਅਗਵਾਈ ਵਿੱਚ ਬਾਬਾ ਸਾਹਿਬ ਅੰਬੇਡਕਰ ਜੀ ਨੂੰ ਯਾਦ ਕੀਤਾ ਗਿਆ। ਇਸ ਮੌਕੇ ਪ੍ਰੋਗਰਾਮ ਮੁਖੀ ਪਰਮਜੀਤ ਸਿੰਘ ਤੇ ਅਕਾਸ਼ਵਣੀ ਖਬਰਾਂ ਦੇ ਨਿਊਜ਼ ਏਡਿਟਰ ਰਾਜੇਸ਼ ਬਾਲੀ ਸਮੇਤ ਹੋਰਾਂ ਨੇ ਸ਼ਰਧਾਂਜਲੀ ਦਿੱਤੀ।

---------------------------------------------------------------------------

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਵਸ ਅੱਜ ਪੂਰੀ ਦੁਨੀਆ ਚ ਵਸਦੇ ਸਿੱਖ ਭਾਈਚਾਰੇ ਵਲੋ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ। ਇਸ ਮੌਕੇ ਉਨ੍ਹਾ ਦੇ ਜਨਮ ਅਸਥਾਨ ਗੁਰਦੁਵਾਰਾ ਗੁਰੂ ਕੇ ਮਹਿਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵਿਸ਼ੇਸ਼ ਧਾਰਮਿਕ ਦੀਵਾਨ ਸਜਾਏ ਗਏ, ਜਿਸ ਚ ਪੰਥ ਪ੍ਰਸਿੱਧ ਕੀਰਤਨੀ ਜਥੇ, ਕਵੀਸ਼ਰੀ ਤੇ ਢਾਡੀ ਜੱਥਿਆਂ ਨੇ ਸੰਗਤ ਨੂੰ ਇਲਾਹੀ ਬਾਣੀ ਨਾਲ ਜੋੜਿਆ । ਇਸ ਸਬੰਧੀ ਬੀਤੇ ਦਿਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ’ਚ ਸਜਾਏ ਇਸ ਨਗਰ ਕੀਰਤਨ ਵਿਚ ਵੱਡੀ ਗਿਣਤੀ ਸੰਗਤ ਵਲੋਂ ਸ਼ਮੂਲੀਅਤ ਕੀਤੀ ਗਈ। ਵੱਖ-ਵੱਖ ਥਾਵਾਂ ’ਤੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ । **ਵੋਇਸ cast-** ਇਸ ਦੌਰਾਨ ਸ੍ਰੀ

ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਗਤ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਨਗਰ ਕੀਰਤਨ ਮੌਕੇ ਦੇਸ਼ ਵਿਦੇਸ਼ਾਂ ਤੋਂ ਵੱਡੀ ਗਿਣਤੀ ਚ ਆਈਆਂ ਸੰਗਤਾਂ ਨੇ ਨੌਵੀਂ ਪਾਤਸ਼ਾਹੀ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ ਕੀਤਾ। ਓਧਰ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਗੁਰਦੁਆਰਾ ਸ੍ਰੀ ਫਤਿਹਗੜ ਸਾਹਿਬ ਵਿਖੇ ਵੀ ਸ਼ਰਧਾ ਨਾਲ ਮਨਾਇਆ ਗਿਆ।

-----------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੁਸੈਨੀਵਾਲਾ ਬਾਰਡਰ ਨੂੰ ਅਤਿ ਆਧੁਨਿਕ ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕਰਨ ਦਾ ਐਲਾਨ ਕੀਤਾ ਏ। ਹੁਸੈਨੀਵਾਲਾ ਬਾਰਡਰ ‘ਤੇ ਰੀਟਰੀਟ ਸੈਰਾਮਨੀ ‘ਚ ਸ਼ਮੂਲੀਅਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਪਹਿਲੀ ਵਾਰ ਇਸ ਨੂੰ ਦੇਖ ਕੇ ਬਹੁਤ ਖੁਸ਼ੀ ਮਹਿਸੂਸ ਕਰ ਰਹੇ ਨੇ। ਉਨ੍ਹਾਂ ਬੀ.ਐੱਸ.ਐਫ. ਅਧਿਕਾਰੀਆਂ ਨੂੰ ਇਸ ਇਤਿਹਾਸਕ ਸਥਾਨ ਨੂੰ ਨਵਾਂ ਰੂਪ ਦੇਣ ਲਈ ਵਿਸਥਾਰਤ ਪ੍ਰਸਤਾਵ ਪੇਸ ਕਰਨ ਲਈ ਕਿਹਾ। ਉਹਨਾਂ ਕਿਹਾ ਕਿ ਸੂਬਾ ਸਰਕਾਰ ਇਸ ਪਵਿੱਤਰ ਜਗ੍ਹਾ ਦੇ ਵਿਆਪਕ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਏ। ਮੁੱਖ ਮੰਤਰੀ ਨੇ ਕਿਹਾ ਕਿ ਇਸ ਸਥਾਨ ਨੂੰ ਆਧੁਨਿਕ ਢੰਗ ਨਾਲ

ਵਿਕਸਤ ਕੀਤਾ ਜਾਵੇਗਾ ਤਾਂ ਜੋ ਵੱਧ ਤੋਂ ਵੱਧ ਸੈਲਾਨੀਆਂ ਨੂੰ ਆਕਰਸ਼ਿਤ ਕੀਤਾ ਜਾ ਸਕੇ।

---

ਆਪਣੇ ਉਤੇ ਹੋਏ ਹਮਲੇ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਪਹਿਲਾ ਬਿਆਨ ਸਾਹਮਣੇ ਆਇਆ ਏ। ਉਨ੍ਹਾਂ ਸੋਸ਼ਲ ਮੀਡੀਆ ’ਤੇ ਤਸਵੀਰਾਂ ਸਾਂਝੀਆਂ ਕਰਦਿਆਂ ਪੰਜਾਬ ਪੁਲਿਸ ਦੇ 2 ਏ. ਐਸ. ਆਈਜ਼. ਦੀ ਸ਼ਲਾਘਾ ਕੀਤੀ ਏ। ਜਿਕਰਯੋਗ ਏ ਕਿ ਏ.ਐਸ.ਆਈ. ਜਸਬੀਰ ਸਿੰਘ ਤੇ ਏ.ਐਸ.ਆਈ. ਹੀਰਾ ਸਿੰਘ, ਦੋਵੇਂ ਸੁਖਬੀਰ ਬਾਦਲ ਨਾਲ ਗੰਨਮੈਨ ਵਜੋਂ ਤਾਇਨਾਤ ਨੇ। ਸੁਖਬੀਰ ਬਾਦਲ ਨੇ ਉਨ੍ਹਾਂ ਦੀਆਂ ਤਸਵੀਰਾਂ ਸਾਂਝੀਆਂ ਕਰਦਿਆਂ ਲਿਖਿਆ ਕਿ ਕਿਸੇ ਦੀ ਜਾਨ ਬਚਾਉਣ ਲਈ ਆਪਣੀ ਜਾਨ ਖਤਰੇ ਵਿਚ ਪਾਉਣਾ ਆਸਾਨ ਗੱਲ ਨਹੀਂ ਏ। ਏ. ਐਸ. ਆਈ. ਜਸਬੀਰ ਸਿੰਘ ਅਤੇ ਏ.ਐਸ. ਆਈ. ਹੀਰਾ ਸਿੰਘ ਪ੍ਰਕਾਸ਼ ਸਿੰਘ ਬਾਦਲ ਦੇ ਸਮੇਂ ਤੋਂ ਸਾਡੇ ਪਰਿਵਾਰ ਦਾ ਹਿੱਸਾ ਰਹੇ ਨੇ। ਬੀਤੇ ਦਿਨ ਉਨ੍ਹਾਂ ਦੁਆਰਾ ਦਿਖਾਏ ਗਏ ਹੌਸਲੇ ਤੇ ਵਫ਼ਾਦਾਰੀ ਦਾ ਕਰਜ਼ ਮੈਂ ਤੇ ਮੇਰਾ ਪਰਿਵਾਰ ਕਦੇ ਨਹੀਂ ਚੁਕਾ ਸਕਦੇ।

---

ਖੰਨਾ ਜੀ.ਟੀ. ਰੋਡ ’ਤੇ ਅੱਜ ਤੜਕੇ ਵਾਪਰੇ ਸੜਕ ਹਾਦਸੇ ’ਚ 2 ਲੋਕ

ਜ਼ਖਮੀ ਹੋ ਗਏ ਜਦਕਿ ਵਾਹਨਾਂ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ ਏ । ਜਾਣਕਾਰੀ ਅਨੁਸਾਰ ਮਿਰਚਾਂ ਨਾਲ ਭਰੇ ਟਰੱਕ ਸਮੇਤ 5 ਵਾਹਨ ਆਪਸ ’ਚ ਟਕਰਾ ਗਏ, ਜਿਸ ਵਿਚ 2 ਗੰਭੀਰ ਜ਼ਖਮੀ ਹੋ ਗਏ ਤੇ 1 ਨੂੰ ਮਾਮੂਲੀ ਸੱਟਾਂ ਲੱਗੀਆਂ ਨੇ । ਸੜਕ ਸੁਰਖੀਆ ਫੋਰਸ ਦੀ ਟੀਮ ਨੇ ਮੌਕੇ ’ਤੇ ਪਹੁੰਚ ਕੇ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਇਆ ਅਤੇ ਨੈਸ਼ਨਲ ਹਾਈਵੇ ਨੂੰ ਚਾਲੂ ਕਰਵਾਇਆ। ਗੰਭੀਰ ਜ਼ਖਮੀ ਹੋਏ ਡਰਾਈਵਰ ਮਨੋਜ ਕੁਮਾਰ ਨੂੰ ਪੀ. ਜੀ. ਆਈ. ਚੰਡੀਗੜ੍ਹ ਵਿਖੇ ਲਿਜਾਇਆ ਗਿਆ ਤੇ ਬਾਕੀ ਸਿਵਲ ਹਸਪਤਾਲ ਖੰਨਾ ਵਿਖੇ ਜ਼ੇਰੇ ਇਲਾਜ ਨੇ ।